ਪ੍ਰੈਸ ਨੋਟ

## 15 ਅਗਸਤ ਦੇ ਮੱਦੇਨਜ਼ਰ ਲੋਕਾਂ ਅੰਦਰ ਸੁਰੱਖਿਆ ਬਣਾਈ ਰੱਖਣ ਲਈ ਜਿਲ੍ਹਾ ਪੁਲਿਸ ਵੱਲੋਂ ਫਲੈਗ ਮਾਰਚ ਕੱਢਿਆ ਗਿਆ

ਸ੍ਰੀ ਮੁਕਤਸਰ ਸਾਹਿਬ ( ) ਮਾਨਯੋਗ ਸ. ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਅਤੇ ਸ੍ਰੀ ਗੌਰਵ ਯਾਦਵ ਆਈ.ਪੀ.ਐਸ. ਡੀ.ਜੀ.ਪੀ. ਪੰਜਾਬ ਵੱਲੋਂ ਸ਼ਰਾਰਤੀ ਅਨਸਰਾਂ ਖਿਲਾਫ ਪੰਜਾਬ ਅੰਦਰ ਵਿੱਢੀ ਮੁਹਿੰਮ ਤਹਿਤ ਸ.ਹਰਮਨਬੀਰ ਸਿੰਘ ਗਿੱਲ ਆਈ.ਪੀ.ਐਸ. ਐਸ.ਐਸ.ਪੀ ਸ੍ਰੀ ਮੁਕਤਸਰ ਸਾਹਿਬ ਵੱਲੋਂ 15 ਅਗਸਤ ਦੇ ਮੱਦੇਨਜ਼ਰ ਲੋਕਾਂ ਦੀ ਸੁਰੱਖਿਆ ਨੂੰ ਮੁੱਖ ਰੱਖਦਿਆ ਜਿਲ੍ਹਾ ਅੰਦਰ ਅਮਨ ਕਾਨੂੰਨ ਦੀ ਸ਼ਥਿਤੀ ਕਾਇਮ ਰੱਖਣ ਲਈ ਜਿਲ੍ਹਾ ਦੀਆਂ ਤਿੰਨੋ ਸਬ ਡਵੀਜ਼ਨ ਅੰਦਰ ਫੈਲਗ ਮਾਰਚ ਕੱਢਿਆ ਗਿਆ। ਸ.ਹਰਮਨਬੀਰ ਸਿੰਘ ਗਿੱਲ ਆਈ.ਪੀ.ਐਸ. ਦੀ ਅਗਵਾਈ ਵਿੱਚ ਸ੍ਰੀ ਕੁਲਵੰਤ ਰਾਏ ਐਸ.ਪੀ (ਐੱਚ) ਸ.ਰਮਨਦੀਪ ਸਿੰਘ ਕਪਤਾਨ ਪੁਲਿਸ (ਡੀ) ,ਸ. ਰਵਿੰਦਰ ਸਿੰਘ ਉਪ ਕਪਤਾਨ ਪੁਲਿਸ (ਐੱਚ) ਸ.ਸਤਨਾਮ ਸਿੰਘ ਉਪ ਕਪਤਾਨ ਪੁਲਿਸ (ਸ.ਬ),ਸ. ਫਤਿਹ ਸਿੰਘ ਬਰਾੜ ਉਪ ਕਪਤਾਨ ਪੁਲਿਸ (ਮਲੋਟ),ਸ.ਜਸਬੀਰ ਸਿੰਘ ਉਪ ਕਪਤਾਨ (ਗਿੱਦੜਬਾਹਾ),ਸ. ਜਸਪਾਲ ਸਿੰਘ ਉਪ ਕਪਤਾਨ (ਡੀ), ਮੁੱਖ ਅਫਸਰਾਨ ਥਾਣਾ ਸਮੇਤ 300 ਦੇ ਕ੍ਰੀਬ ਪੁਲਿਸ ਅਧਿਕਾਰੀਆਂ ਅਤੇ ਕ੍ਰਮਚਾਰੀਆ ਵੱਲੋਂ ਭਾਗ ਲਿਆ ਗਿਆ। ਐਸ.ਐਸ.ਪੀ ਜੀ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਜਿਲ੍ਹੇ ਦੇ ਤਿੰਨੋ ਸਬ-ਡਵੀਜ਼ਨ ਸ੍ਰੀ ਮੁਕਤਸਰ ਸਾਹਿਬ, ਮਲੋਟ ਅਤੇ ਗਿੱਦੜਬਾਹਾ ਅਲੱਗ ਅਲੱਗ ਪੁਲਿਸ ਟੀਮਾਂ ਨੂੰ ਵੰਡ ਕੇ ਪੈਦਲ, ਪੀ.ਸੀ.ਆਰ ਮੋਟਰ ਸਾਇਕਲਾਂ ਅਤੇ ਚਾਰ ਪਹੀਆ ਵਾਹਣਾ ਤੇ ਫੈਲਗ ਮਾਰਚ ਕੱਢਿਆ ਗਿਆ ਉਨ੍ਹਾਂ ਕਿਹਾ ਫਲੈਗ ਮਾਰਚ ਦਾ ਮਕਸਦ ਹੈ ਕਿ 15 ਅਗਸਤ ਅਜਾਦੀ ਦਿਹਾੜੇ ਨੂੰ ਮੁੱਖ ਰੱਖਦਿਆ ਕਿਤੇ ਕੋਈ ਅਣ-ਸੁਖਾਵੀ ਕਿਸੇ ਘਟਨਾ ਨਾ ਵਾਪਰ ਜਾਵੇ ਅਤੇ ਲੋਕਾਂ ਅੰਦਰ ਸਦ ਭਾਵਨਾ ਨੂੰ ਬਣਾਈ ਰੱਖਣ ਲਈ ਅਤੇ ਸ਼ਰਾਰਤੀ ਅਨਸਰਾਂ ਤੇ ਨਿਕੇਲ ਕੱਸਣਾ ਸੀ, ਉਨ੍ਹਾਂ ਕਿ ਅਜਾਦੀ ਦਿਹਾੜੇ ਨੂੰ ਲੈ ਕੇ ਪੁਲਿਸ ਵੱਲੋਂ ਜਿਲ੍ਹਾ ਸ੍ਰੀ ਮੁਕਤਸਰ ਸਾਹਿਬ ਵਿਖੇ ਸਖਤ ਸੁਰੱਖਿਆ ਪ੍ਰਬੰਧ ਕੀਤੇ ਗਏ ਹਨ ਜਿਸ ਦੇ ਚਲਦਿਆ ਪੁਲਿਸ ਦੀਆਂ ਅਲੱਗ ਅਲੱਗ ਟੁਕੜੀਆ ਵੱਲੋਂ ਜਿੱਥੇ ਨਾਕਾ ਬੰਦੀ ਕਰ ਵਹੀਕਲਾਂ ਦੀ ਚੈਕਿੰਗ ਕੀਤੀ ਜਾ ਰਹੀ ਹੈ ਉੱਥੇ ਹੀ ਜਿਲ੍ਹਾ ਦੇ ਹਰੇਕ ਰੇਲਵੇ ਸਟੇਸ਼ਨ, ਬੱਸ ਸਟੈਂਡ ਅਤੇ ਹੋਲਟ ਢਾਬਿਆ ਤੇ ਸਰਚ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਫਲੈਗ ਮਾਰਚ ਰਾਹੀ ਲੋਕਾਂ ਨੂੰ ਅਪੀਲ ਕੀਤੀ ਜਾ ਰਹੀ ਹੈ ਕਿ ਲੋਕ ਪੁਲਿਸ ਨੂੰ ਹਮੇਸ਼ਾ ਸਹਿਯੋਗ ਕਰਨ। ਉਨ੍ਹਾਂ ਕਿਹਾ ਕਿ ਜੇਕਰ ਤੁਸੀ ਕਿਸੇ ਵੀ ਤਰਾਂ ਦੀ ਜਾਣਕਾਰੀ ਸਾਡੇ ਨਾਲ ਸਾਂਝੀ ਕਰਨਾ ਚਾਹੁੰਦੇ ਹੋ ਤਾਂ ਪੁਲਿਸ ਹੈਲਪ ਲਾਇਨ ਨੰਬਰ 80549-42100 ਅਤੇ 112 ਤੇ ਦੇ ਸਕਦੇ ਹੋਏ ਜਾਣਕਾਰੀ ਦੇਣ ਵਾਲੇ ਦਾ ਨਾਮ ਗੁਪਤ ਰੱਖਿਆ ਜਾਵੇਗਾ।